**ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ ਅਤੇ**
**ਸਟੇਟ ਪ੍ਰੋਜੈਕਟ ਡਾਇਰੈਕਟਰ, ਸਰਵ ਸਿੱਖਿਆ ਅਭਿਆਨ ਅਥਾਰਟੀ,ਪੰਜਾਬ,**
**ਐਸ. ਸੀ. ਓ ਨੰ. 104 -106, ਸੈਕਟਰ 34 ਏ, ਚੰਡੀਗੜ੍ਹ**

ਸੇਵਾ ਵਿਖੇ

1. ਰਾਜ ਦੇ ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.)
2. ਰਾਜ ਦੇ ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿ.)
3. ਰਾਜ ਦੇ ਸਮੂਹ ਸਕੂਲਾਂ ਦੇ ਮੁੱਖੀ (ਬੈੱਵ ਸਾਈਟ ਰਾਹੀਂ)
4. ਮੰਡਲ ਸਿੱਖਿਆ ਅਫਸਰ, ਜਲੰਧਰ, ਫਰੀਦਕੋਟ ਅਤੇ ਨਾਭਾ

ਮੀਮੋ ਨੰ ਸਸਅ/ਪੈਡਾਗੋਜੀ/09/076552-076571
ਮਿਤੀ ਚੰਡੀਗੜ੍ਹ 23 ਨਵੰਬਰ, 2009

**ਵਿਸ਼ਾ ਸਰਵ ਸਿੱਖਿਆ ਪ੍ਰੋਗਰਾਮ ਤਹਿਤ ਦਿੱਤੀਆਂ ਵਰਕ-ਬੁੱਕਸ ਨੂੰ ਕੰਮ ਵਿੱਚ ਲੈਣ ਬਾਰੇ ।**

1.0 ਆਪ ਜੀ ਨੂੰ ਪਤਾ ਹੈ ਕਿ ਸਰਵ ਸਿੱਖਿਆ ਅਭਿਆਨ ਪ੍ਰੋਗਰਾਮ ਤਹਿਤ ਪੰਜਾਬ ਸਰਕਾਰ ਵੱਲੋਂ ਸਕੂਲੀ ਬੱਚਿਆਂ ਨੂੰ ਵੱਖ ਵੱਖ ਵਿਸ਼ੇ ਚੰਗੀ ਤਰ੍ਹਾਂ ਸਮਝਾਉਣ ਅਤੇ ਪ੍ਰੈਕਟੀਕਲ ਲਈ ਸਿੱਖਿਆ ਮਾਹਿਰਾਂ ਵੱਲੋਂ ਤਿਆਰ ਕੀਤੀਆਂ ਵਰਕ-ਬੁਕਸ ਨੂੰ ਛਪਵਾਉਣ ਉਪਰੰਤ ਸਾਰੇ ਸਕੂਲਾਂ ਨੂੰ ਮੁਹੱਈਆਂ ਕਰਵਾ ਦਿੱਤੀਆਂ ਗਈਆਂ ਹਨ । ਮੁੱਖ ਦਫਤਰ ਵੱਲੋਂ ਵੱਖ ਵੱਖ ਨਿਰੀਖਣ ਟੀਮਾਂ ਵੱਲੋਂ ਕੀਤੇ ਦੌਰਿਆਂ ਦੌਰਾਨ ਇਹ ਗੱਲ ਸਾਹਮਣੇ ਆਈ ਹੈ ਕਿ ਸਕੂਲਾਂ ਵਿੱਚ ਅਧਿਆਪਕਾਂ ਵੱਲੋਂ ਸਕੂਲੀ ਬੱਚਿਆਂ ਤੋਂ ਕੋਈ ਕੰਮ ਨਹੀਂ ਕਰਵਾਇਆ ਗਿਆ ਹੈ । ਇਸ ਤੋਂ ਇਹ ਗੱਲ ਸਾਫ ਹੋ ਜਾਂਦੀ ਹੈ ਕਿ ਸਰਕਾਰ ਵੱਲੋਂ ਇਨ੍ਹਾਂ ਵਰਕ-ਬੁਕਸ ਤੇ ਖਰਚ ਕੀਤੇ ਗਏ ਪੈਸਿਆਂ ਦੀ ਕੋਈ ਵਰਤੋਂ ਨਹੀਂ ਹੋ ਰਹੀਂ ਹੈ ।

2.0 ਇਸ ਮੁੱਦੇ ਨੂੰ ਸਰਕਾਰ ਵੱਲੋਂ ਬੜੀ ਗੰਭੀਰਤਾ ਨਾਲ ਲਿਆ ਗਿਆ ਹੈ ਅਤੇ ਇਹ ਫੈਸਲਾ ਕੀਤਾ ਗਿਆ ਹੈ ਕਿ ਸਕੂਲ ਮੁੱਖੀ ਆਪਣੇ ਸਾਰੇ ਅਧਿਆਪਕਾਂ ਤੋਂ ਇਹ ਯਕੀਨੀ ਬਨਾਉਣਗੇ ਕਿ ਉਹ ਆਪਣੇ ਆਪਣੇ ਵਿਸ਼ੇ ਦੀ ਵਰਕ-ਬੁਕਸ ਤੇ ਬੱਚਿਆਂ ਤੋਂ ਚੰਗੀ ਤਰ੍ਹਾਂ ਪ੍ਰੈਕਟਿਸ ਕਰਵਾਉਣ ਅਤੇ ਸਿੱਖਿਆ ਮਾਹਿਰਾਂ ਵੱਲੋਂ ਦਿੱਤੀਆਂ ਹਦਾਇਤਾਂ ਦੀ ਚੰਗੀ ਤਰ੍ਹਾਂ ਪਾਲਣਾ ਕਰਨ ਤਾਂ ਜੋ ਸਿੱਖਿਆ ਦਾ ਮਿਆਰ ਉੱਚਾ ਹੋ ਸਕੇ । ਇਸ ਸਬੰਧ ਵਿੱਚ ਜਿੱਥੇ ਕਿਤੇ ਅਣਗਹਿਲੀ ਪਾਈ ਜਾਂਦੀ ਹੈ ਤਾਂ ਅਧਿਆਪਕ ਅਤੇ ਸਕੂਲ ਮੁੱਖੀ ਦੋਵੇ ਜਿੰਮੇਵਾਰ ਹੋਣਗੇ । ਜੇਕਰ ਕੋਈ ਅਧਿਆਪਕ ਇਨ੍ਹਾਂ ਹਦਾਇਤਾਂ ਦੀ ਪਾਲਣਾ ਨਾ ਕਰਦਾ ਹੋਵੇ ਤਾਂ ਉਸ ਦੀ ਸੂਚਨਾ ਜ਼ਿਲ੍ਹਾ ਸਿੱਖਿਆ ਅਫਸਰਾਂ ਦੇ ਰਾਹੀਂ ਇਸ ਦਫਤਰ ਨੂੰ ਭੇਜਣ ਦੀ ਖੇਚਲ ਕੀਤੀ ਜਾਵੇ ਜੀ ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ

ਉਤਾਰਾ : 1. ਨਿ.ਸ. / ਸਕੱਤਰ, ਸਕੂਲ ਸਿੱਖਿਆ, ਪੰਜਾਬ, ਚੰਡੀਗੜ੍ਹ
2. ਨਿ.ਸ. / ਸਿੱਖਿਆ ਮੰਤਰੀ, ਪੰਜਾਬ, ਚੰਡੀਗੜ੍ਹ